ਦੇਵਗੰਧਾਰੀ ਮਹਲਾ ੫ ॥ ਅਪੁਨੇ ਹਰਿ ਪਹਿ ਬਿਨਤੀ ਕਹੀਐ ॥ ਚਾਰਿ ਪਦਾਰਥ ਅਨਦ ਮੰਗਲ ਨਿਧਿ ਸੂਖ ਸਹਜ ਸਿਧਿ ਲਹੀਐ ॥੧॥ ਰਹਾਉ ॥ ਮਾਨੁ ਤਿਆਗਿ ਹਰਿ ਚਰਨੀ ਲਾਗਉ ਤਿਸੁ ਪ੍ਰਭ ਅੰਚਲੁ ਗਹੀਐ ॥ ਆਂਚ ਨ ਲਾਗੈ ਅਗ ਨਿ ਸਾਗਰ ਤੇ ਸਰਨਿ ਸੁਆਮੀ ਕੀ ਅਹੀਐ ॥ ੧॥ ਕੋਟਿ ਪਰਾਧ ਮਹਾ ਅਕ੍ਰਿਤਘਨ ਬਹੁਰਿ ਬਹੁਰਿ ਪ੍ਰਭ ਸਹੀਐ ॥ ਕਰੁਣਾ ਮੈ ਪੂਰਨ ਪਰਮੇਸੁਰ ਨਾਨਕ ਤਿਸੁ ਸਰਨਹੀਐ ॥੨॥੧੭॥ {ਪੰਨਾ 531}

ਪਦਅਰਥ:- ਪਹਿ—ਪਾਸ, ਕੋਲ। ਕਹੀਐ—ਕਹਣੀ ਚਾਹੀਦੀ ਹੈ। ਚਾਰਿ ਪਦਾਰਥ—ਧਰਮ, ਅਰਥ, ਕਾਮ, ਮੋਖ। ਨਿਧਿ—ਖ਼ਜ਼ਾਨੇ। ਸਹਜ—ਆਤਮਕ ਅਡੋਲਤਾ। ਸਿਧਿ—ਕਰਾਮਾਤੀ ਤਾਕਤ।1। ਰਹਾਉ।

ਮਾਨੁ—ਅਹੰਕਾਰ। ਤਿਆਗਿ—ਛੱਡ ਕੇ। ਲਾਗਉ—ਲਾਗਉਂ, ਮੈਂ ਲੱਗਦਾ ਹਾਂ। ਅੰਚਲੁ—ਪੱਲਾ। ਗਹੀਐ—ਫੜਨਾ ਚਾਹੀਦਾ ਹੈ। ਆਂਚ—ਸੇਕ। ਸਾਗਰ—ਸਮੁੰਦਰ। ਤੇ—ਤੋਂ। ਅਹੀਐ—ਤਾਂਘ ਕਰਨੀ ਚਾਹੀਦੀ ਹੈ।1।

ਕੋਟਿ—ਕ੍ਰੋੜਾਂ। ਅਕ੍ਰਿਤਘਨ—ਕੀਤੇ ਉਪਕਾਰ ਨੂੰ ਭੁਲਾ ਦੇਣ ਵਾਲੇ, ਨਾਸ਼ੁਕਰੇ {øqÆn}। ਬਹੁਰਿ—ਮੁੜ, ਫਿਰ। ਸਹੀਐ—ਸਹਾਰਦਾ ਹੈ, ਜਰਦਾ ਹੈ। ਕਰੁਣਾਮੈ—ਤਰਸ-ਸਰੂਪ। ਕਰੁਣਾ—ਤਰਸ।2।

ਅਰਥ:- ਹੇ ਭਾਈ! ਆਪਣੇ ਪਰਮਾਤਮਾ ਦੇ ਕੋਲ ਹੀ ਅਰਜ਼ੋਈ ਕਰਨੀ ਚਾਹੀਦੀ ਹੈ। (ਧਰਮ, ਅਰਥ, ਕਾਮ, ਮੋਖ) ਇਹ ਚਾਰੇ ਪਦਾਰਥ, ਅਨੰਦ ਖ਼ੁਸ਼ੀਆਂ ਦੇ ਖ਼ਜ਼ਾਨੇ, ਆਤਮਕ ਅਡੋਲਤਾ ਦੇ ਸੁਖ, ਕਰਾਮਾਤੀ ਤਾਕਤਾਂ—ਹਰੇਕ ਚੀਜ਼ ਪਰਮਾਤਮਾ ਪਾਸੋਂ ਮਿਲ ਜਾਂਦੀ ਹੈ।1। ਰਹਾਉ।

ਹੇ ਭਾਈ! ਮੈਂ ਤਾਂ ਅਹੰਕਾਰ ਛੱਡ ਕੇ ਪਰਮਾਤਮਾ ਦੀ ਚਰਨੀਂ ਹੀ ਪਿਆ ਰਹਿੰਦਾ ਹਾਂ। ਭਾਈ! ਉਸ ਪ੍ਰਭੂ ਦਾ ਹੀ ਪੱਲਾ ਫੜਨਾ ਚਾਹੀਦਾ ਹੈ। (ਇਸ ਤਰ੍ਹਾਂ ਵਿਕਾਰਾਂ ਦੀ) ਅੱਗ ਦੇ ਸਮੁੰਦਰ ਤੋਂ ਸੇਕ ਨਹੀਂ ਲੱਗਦਾ। ਮਾਲਕ-ਪ੍ਰਭੂ ਦੀ ਸਰਨ ਹੀ ਮੰਗਣੀ ਚਾਹੀਦੀ ਹੈ।1।

ਹੇ ਭਾਈ! ਵੱਡੇ ਵੱਡੇ ਨਾ-ਸ਼ੁਕਰਿਆਂ ਦੇ ਕ੍ਰੋੜਾਂ ਪਾਪ ਪਰਮਾਤਮਾ ਮੁੜ ਮੁੜ ਸਹਾਰਦਾ ਹੈ। ਹੇ ਨਾਨਕ! ਪਰਮਾਤਮਾ ਪੂਰਨ ਤੌਰ ਤੇ ਤਰਸ-ਸਰੂਪ ਹੈ ਉਸੇ ਦੀ ਹੀ ਸਰਨ ਪੈਣਾ ਚਾਹੀਦਾ ਹੈ।2। 17।